ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਰੈੱਡ ਕਰਾਸ ਵਿਖੇ ਲਗਾਇਆ ਨਸ਼ਿਆਂ ਵਿਰੋਧੀ ਜਾਗਰੂਕਤਾ ਸੈਮੀਨਰ

ਲੋਕ ਅਤੇ ਪੁਲਿਸ, ਪਰਿਵਾਰ ਦੀ ਤਰਾਂ ਨਸ਼ਿਆਂ ਖਿਲਾਫ ਹੋਣ ਇੱਕ ਜੁਟ: ਸ੍ਰੀ ਭਾਗੀਰਥ ਸਿੰਘ ਮੀਨਾ IPS




ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ ਪੰਜਾਬ ਵੱਲੋਂ ਸੂਬੇ ਅੰਦਰ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਪੁਲੀਸ ਦੀਆ ਅਲੱਗ ਅਲੱਗ ਟੀਮਾਂ ਵਲੋਂ ਸ਼ਰਾਰਤੀ ਅਨਸਰਾਂ ਅਤੇ ਨਸ਼ਿਆਂ ਖਿਲਾਫ ਮੁਹਿਮ ਵਿੱਢ ਦਿੱਤੀ ਗਈ ਹੈ | ਜਿੱਥੇ ਪੁਲਿਸ ਦੀਆਂ ਟੀਮਾਂ ਬਣਾ ਕੇ ਰਾਤ ਦਿਨ ਚੈੱਕਿੰਗ ਕੀਤੀ ਜਾ ਰਹੀ ਹੈ ਉੱਥੇ ਹੀ ਲੋਕਾਂ ਨਾਲ ਸਿੱਧਾ ਰਾਬਤਾ ਬਣਾ ਕੇ ਸੈਮੀਨਾਰ ਅਯੋਜਿਤ ਕਰ ਨਸ਼ਿਆਂ ਬਾਰੇ ਜਾਣਕਾਰੀ ਇਕੱਠੀ ਕਰ ਕੇ ਨਸ਼ੇ ਵੇਚਣ ਵਾਲਿਆਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਇਸੇ ਤਹਿਤ ਹੀ ਲੋਕਾਂ ਨਾਲ ਸਿਧਾ ਰਾਬਤਾ ਬਣਾਉਦਿਆਂ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਰੈੱਡ ਕਰਾਸ ਸ੍ਰੀ ਮੁਕਤਸਰ ਸਾਹਿਬ ਵਿਖੇ ਨਸ਼ਿਆਂ ਵਿਰੁੱਧ ਜਾਗਰੂਕਤਾ ਸੈਮੀਨਾਰ ਅਯੋਜਿਤ ਕੀਤਾ ਗਿਆ| ਇਸ ਮੌਕੇ ਸ. ਸਤਨਾਮ ਸਿੰਘ ਡੀ.ਐਸ.ਪੀ ਸ :ਡ(ਸ੍ਰੀ ਮੁਕਤਸਰ ਸਾਹਿਬ), ਐਸ.ਆਈ ਵਰੁਣ ਮੁੱਖ ਅਫਸਰ ਥਾਣਾ ਸਿਟੀ ਸ੍ਰੀ ਮੁਕਤਸਰ ਸਾਹਿਬ, ਇੰਸਪੈਕਟਰ ਗੁਰਪਿਆਰ ਸਿੰਘ ਜਿਲਾ ਟਰੈਫਿਕ ਇੰਚਾਰਜ, ਏ.ਐਸ.ਆਈ ਰਘਬੀਰ ਸਿੰਘ ਟਰੈਫਿਕ ਇੰਚਾਰਜ ਸ੍ਰੀ ਮੁਕਤਸਰ ਸਾਹਿਬ,ਵੱਖ-ਵੱਖ ਯੂਨੀਅਨਾਂ ਦੇ ਮੈਂਬਰ ਤੇ ਨਗਰ ਨਿਵਾਸੀ ਮੌਜੂਦ ਸਨ । ਇਸ ਮੌਕੇ ਏ.ਐਸ.ਆਈ ਹਰਿਮੰਦਰ ਸਿੰਘ ਇੰਚਾਰਜ ਅਵੇਅਰਨੈਸ ਟੀਮ ਅਤੇ ਏ.ਐਸ.ਆਈ ਗੁਰਜੰਟ ਸਿੰਘ ਵੱਲੋਂ ਸਟੇਜ ਸੈਕਟਰੀ ਵੱਲੋਂ ਡਿਊਟੀ ਨਿਭਾਈ ਗਈ ਅਤੇ ਅਵੇਰਨੈਸ ਟੀਮ ਦੇ ਏ.ਐਸ.ਆਈ ਹਰਮਿੰਦਰ ਸਿੰਘ ਅਤੇ ਏ.ਐਸ.ਆਈ ਗੁਰਜੰਟ ਸਿੰਘ ਵੱਲੋਂ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਜਾਗਰੂਕ ਕੀਤਾ ਗਿਆ ।